# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 13-03-2024**

- ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਦੁਹਰਾਇਆ ਏ ਕਿ ਨਾਗਰਿਕਤਾ ਸੋਧ ਕਾਨੂੰਨ - CAA ਨਾਗਰਿਕਤਾ ਦਾ ਅਧਿਕਾਰ ਦੇਣ ਵਾਲਾ ਕਾਨੂੰਨ ਏ ਅਤੇ ਇਹ ਕਿਸੇ ਦੀ ਨਾਗਰਿਕਤਾ ਨਹੀਂ ਖੋਹੇਗਾ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਤੇ ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਨਾਨਕਸ਼ਾਹੀ ਸੰਮਤ ਦੇ ਨਵੇਂ ਸਾਲ ਦੀ ਸ਼ੁਰੂਆਤ ’ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ।
- ਪਟਿਆਲਾ ਤੋਂ ਕਾਂਗਰਸ ਸਾਂਸਦ ਪ੍ਰਨੀਤ ਕੌਰ ਭਾਜਪਾ ਵਿਚ ਸ਼ਾਮਲ।

- ਆਮ ਆਦਮੀ ਪਾਰਟੀ ਨੇ ਲੋਕਸਭਾ ਚੋਣਾਂ ਲਈ ਸੂਬੇ ਦੇ ਪੰਜ ਕੈਬਿਨੇਟ ਮੰਤਰੀਆਂ ਸਮੇਤ ਅੱਠ ਉਮੀਦਵਾਰਾਂ ਦੀ ਪਹਿਲੀ ਲਿਸਟ ਜਾਰੀ ਕੀਤੀ।

---------------------------------------------------------

ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਦੁਹਰਾਇਆ ਏ ਕਿ ਨਾਗਰਿਕਤਾ ਸੋਧ ਕਾਨੂੰਨ - ਸੀ ਏ ਏ ਨਾਗਰਿਕਤਾ ਦਾ ਅਧਿਕਾਰ ਦੇਣ ਵਾਲਾ ਕਾਨੂੰਨ ਏ। ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਕਾਨੂੰਨ ਕਿਸੇ ਦੀ ਨਾਗਰਿਕਤਾ ਨਹੀਂ ਖੋਹੇਗਾ। ਇਕ ਨਿਊਜ਼ ਏਜੰਸੀ ਨਾਲ ਇੰਟਰਵਿਊ ਵਿੱਚ ਅਮਿਤ ਸ਼ਾਹ ਨੇ ਕਿਹਾ ਕਿ ਸੀ ਏ ਏ ਅਫਗਾਨਿਸਤਾਨ, ਬੰਗਲਾਦੇਸ਼ ਤੇ ਪਾਕਿਸਤਾਨ ਤੋਂ ਆਉਣ ਵਾਲੇ ਹਿੰਦੂ, ਬੋਧੀ, ਜੈਨ, ਈਸਾਈ ਤੇ ਪਾਰਸੀ ਸ਼ਰਨਾਰਥੀਆਂ ਨੂੰ ਅਧਿਕਾਰ ਅਤੇ ਨਾਗਰਿਕਤਾ ਪ੍ਰਦਾਨ ਕਰੇਗਾ। ਉਨ੍ਹਾਂ ਕਿਹਾ ਕਿ ਨਾਗਰਿਕਤਾ ਸੋਧ ਕਾਨੂੰਨ ਦੀਆਂ ਵਿਵਸਥਾਵਾਂ ਤਹਿਤ ਇਨ੍ਹਾਂ ਸਾਰਿਆਂ ਨੂੰ ਬਰਾਬਰ ਦੇ ਅਧਿਕਾਰ ਮਿਲਣਗੇ ਕਿਉਂਕਿ ਹੁਣ ਉਹ ਵੀ ਭਾਰਤ ਦੇ ਨਾਗਰਿਕ ਬਣ ਜਾਣਗੇ। ਅਮਿਤ ਸ਼ਾਹ ਨੇ ਸਪੱਸ਼ਟ ਕੀਤਾ ਕਿ ਰਾਸ਼ਟਰੀ ਨਾਗਰਿਕਤਾ ਰਜਿਸਟਰ - ਐਨ ਆਰ ਸੀ ਦਾ CAA ਨਾਲ ਕੋਈ ਸਬੰਧ

ਨਹੀਂ ਏ ਅਤੇ ਘੱਟ ਗਿਣਤੀਆਂ ਨੂੰ ਡਰਨ ਦੀ ਕੋਈ ਲੋੜ ਨਹੀਂ ਏ ਕਿਉਂਕਿ ਸੀ ਏ ਏ ਵਿੱਚ ਅਜਿਹਾ ਕੋਈ ਪ੍ਰਬੰਧ ਨਹੀਂ ਏ ਜਿਸ ਨਾਲ ਕਿਸੇ ਦੀ ਨਾਗਰਿਕਤਾ ਖੋਹੀ ਜਾ ਸਕੇ। ਉਨ੍ਹਾਂ ਕਿਹਾ ਕਿ ਦਰਵਾਜ਼ੇ ਕਿਸੇ ਲਈ ਬੰਦ ਨਹੀਂ ਕੀਤੇ ਗਏ ਨੇ ਅਤੇ ਮੁਸਲਮਾਨਾਂ ਨੂੰ ਵੀ ਨਾਗਰਿਕਤਾ ਲਈ ਅਰਜ਼ੀ ਦੇਣ ਦਾ ਅਧਿਕਾਰ ਏ।

------------------------------------------------------------

ਨਾਨਕਸ਼ਾਹੀ ਸੰਮਤ ਦੇ ਨਵੇਂ ਸਾਲ ਦੀ ਸ਼ੁਰੂਆਤ ’ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ। ਸ਼ੋਸ਼ਲ ਮੀਡੀਆ ਤੇ ਵਧਾਈ ਦਿੰਦਿਆਂ ਪ੍ਰਧਾਨ ਮੰਤਰੀ ਨੇ ਲਿਖਿਆ ਕਿ ਸਿੱਖ ਨਵੇਂ ਸਾਲ ਦੀ ਸ਼ੁਰੂਆਤ ਦੀਆਂ ਹਾਰਦਿਕ ਸ਼ੁਭਕਾਮਨਾਵਾਂ । ਵਾਹਿਗੁਰੂ ਜੀ ਦੀ ਅਸੀਮ ਕਿਰਪਾ ਸਾਰੇ ਜੀਵਾਂ ਨੂੰ ਤੰਦਰੁਸਤੀ ਅਤੇ ਭਰਪੂਰਤਾ ਬਖਸ਼ੇ। ਗੁਰੂ ਸਾਹਿਬਾਨ ਦਾ ਗਿਆਨ ਸਾਡੇ ਸਮਾਜ ਨੂੰ ਆਪਣੇ ਉੱਜਵਲ ਮਾਰਗਦਰਸ਼ਨ ਨਾਲ ਰੌਸ਼ਨ ਕਰਦਾ ਰਹੇ। ਨਾਨਕਸ਼ਾਹੀ ਨਵੇਂ ਸਾਲ ਦੀਆਂ ਦੇਸ਼ ਵਿਦੇਸ਼ 'ਚ ਵੱਸਦੇ ਸਮੁੱਚੇ ਸਿੱਖ ਭੈਣ ਭਰਾਵਾਂ ਨੂੰ ਲੱਖ ਲੱਖ ਵਧਾਈਆਂ। ਏਧਰ ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ

ਇਹ ਦਿਨ ਨਵੀਂ ਪੀੜੀ ਨੂੰ ਆਪਣੀ ਸੰਸਕ੍ਰਿਤੀ ਤੇ ਵਿਰਾਸਤ ਦੀਆਂ ਜੜ੍ਹਾਂ ਨਾਲ ਜੋੜਨ ਦਾ ਦਿਨ ਏ। ਸਿੱਖ ਗੁਰੂਆਂ ਦੇ ਉਪਦੇਸ਼, ਸਿੱਖਿਆਵਾਂ ਤੇ ਮਨੁੱਖਤਾ ਦੀ ਸੇਵਾ ਲਈ ਉਨ੍ਹਾਂ ਦਾ ਸੰਕਲਪ ਸਾਡੇ ਲਈ ਪ੍ਰੇਰਨਾਸ੍ਰੋਤ ਏ। ਉਨਾਂ ਕਿਹਾ ਕਿ ਵਾਹਿਗੁਰੂ ਜੀ ਅੱਗੇ ਸਾਰਿਆਂ ਦੇ ਜੀਵਨ 'ਚ ਖੁਸ਼ੀਆਂ ਤੇ ਤੰਦਰੁਸਤੀ ਬਖ਼ਸ਼ਣ ਦੀ ਅਰਦਾਸ ਕਰਦਾ ਹਾਂ।

---------------------------------------------------------

ਸੂਚਨਾ ਤੇ ਪ੍ਰਸਾਰਣ ਮੰਤਰਾਲੇ ਨੇ ਅਸ਼ਲੀਲ ਸਮੱਗਰੀ ਵਾਲੇ 18 OTT ਪਲੇਟਫਾਰਮਾਂ ਨੂੰ ਬਲਾਕ ਕਰ ਦਿੱਤਾ ਏ। ਇਨ੍ਹਾਂ ਵਿੱਚ ਡ੍ਰੀਮਜ਼ ਫਿਲਮਸ, ਹੰਟਰਸ, ਹੌਟ ਸ਼ਾਟਸ ਵੀਆਈਪੀ, ਪ੍ਰਾਈਮ ਪਲੇਅ ਅਤੇ ਅਨਕਟ ਐਡਾ ਸ਼ਾਮਲ ਨੇ। ਇਨ੍ਹਾਂ ਪਲੇਟਫਾਰਮਾਂ ਨਾਲ ਜੁੜੀਆਂ 19 ਵੈੱਬਸਾਈਟਾਂ, 10 ਐਪਸ ਅਤੇ 57 ਸੋਸ਼ਲ ਮੀਡੀਆ ਖਾਤਿਆਂ 'ਤੇ ਭਾਰਤ 'ਚ ਪਾਬੰਦੀ ਲਗਾਈ ਗਈ ਏ। ਇਹ ਫੈਸਲਾ ਮੀਡੀਆ ਤੇ ਮਨੋਰੰਜਨ, ਔਰਤਾਂ ਅਤੇ ਬੱਚਿਆਂ ਦੇ ਅਧਿਕਾਰਾਂ ਨਾਲ ਸਬੰਧਤ ਡੋਮੇਨ ਮਾਹਿਰਾਂ ਅਤੇ ਹੋਰ ਮੰਤਰਾਲਿਆਂ ਨਾਲ ਸਲਾਹ-ਮਸ਼ਵਰਾ ਕਰਕੇ ਸੂਚਨਾ ਤਕਨਾਲੋਜੀ ਐਕਟ-2000 ਦੇ ਉਪਬੰਧਾਂ ਦੇ ਤਹਿਤ ਲਿਆ ਗਿਆ ਏ। ਸੂਚਨਾ ਤੇ

ਪ੍ਰਸਾਰਣ ਮੰਤਰੀ ਅਨੁਰਾਗ ਸਿੰਘ ਠਾਕੁਰ ਨੇ ਇਨ੍ਹਾਂ ਪਲੇਟਫਾਰਮਾਂ ਦੀ ਜ਼ਿੰਮੇਵਾਰੀ ਬਾਰੇ ਕਿਹਾ ਕਿ ਇਨ੍ਹਾਂ ਪਲੇਟਫਾਰਮਾਂ ਨੂੰ ਰਚਨਾਤਮਕ ਪ੍ਰਗਟਾਵੇ ਦੀ ਆੜ ਵਿੱਚ ਅਸ਼ਲੀਲਤਾ ਤੇ ਦੁਰਵਿਵਹਾਰ ਦਾ ਪ੍ਰਚਾਰ ਨਹੀਂ ਕਰਨਾ ਚਾਹੀਦਾ ਏ। ਮੰਤਰਾਲੇ ਨੇ ਕਿਹਾ ਕਿ ਇਨ੍ਹਾਂ ਪਲੇਟਫਾਰਮਾਂ 'ਤੇ ਉਪਲਬਧ ਜ਼ਿਆਦਾਤਰ ਸਮੱਗਰੀ ਅਸ਼ਲੀਲ ਪਾਈ ਗਈ ਏ ਅਤੇ ਔਰਤਾਂ ਨੂੰ ਇਤਰਾਜ਼ਯੋਗ ਢੰਗ ਨਾਲ ਪੇਸ਼ ਕਰਦੀ ਏ।

------------------------------------------------------------

ਪਟਿਆਲਾ ਤੋਂ ਚਾਰ ਵਾਰ ਲੋਕ ਸਭਾ ਮੈਂਬਰ ਬਣੇ ਪ੍ਰਨੀਤ ਕੌਰ ਅੱਜ ਕਾਂਗਰਸ ਪਾਰਟੀ ਨੂੰ ਛੱਡ ਕੇ ਭਾਜਪਾ ਵਿਚ ਸ਼ਾਮਲ ਹੋ ਗਏ। ਮੌਜੂਦਾ ਕਾਂਗਰਸ ਸਾਂਸਦ ਪ੍ਰਨੀਤ ਕੌਰ ਨੇ ਪਹਿਲਾ ਕਾਂਗਰਸ ਪ੍ਰਧਾਨ ਨੂੰ ਆਪਣਾ ਅਸਤੀ ੌਫਾ ਭੇਜਿਆ ਅਤੇ ਉਸਤੋ ਕੁੱਝ ਹੀ ਸਮੇਂ ਬਾਅਦ ਦਿੱਲੀ ਵਿਖੇ ਭਾਜਪਾ ਵਿਚ ਸ਼ਾਮਲ ਹੋਏ। ਨਵੀਂ ਦਿੱਲੀ ਵਿਚ ਭਾਜਪਾ ਹੈੱਡਕੁਆਰਟਰ ਵਿਖੇ ਉਨਾਂ ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ, ਪਾਰਟੀ ਇੰਚਾਰਜ ਵਿਜੈ ਰੁਪਾਣੀ ਅਤੇ ਪਾਰਟੀ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਸਮੇਤ ਹੋਰਨਾਂ ਨੇਤਾਵਾਂ ਦੀ ਮੌਜੂਦਗੀ ਵਿਚ ਭਾਜਪਾ ਦੀ

ਮੇਮ੍ਬਰਸ਼ਿਪ ਹਾਸਲ ਕੀਤੀ । ਪਟਿਆਲਾ ਤੋਂ ਸਾਡੇ ਪਤਰਕਾਰ ਰਾਓ ਵਰਿੰਦਰ ਸਿੰਘ ਅਨੁਸਾਰ ਮੰਨਿਆ ਜਾ ਰਿਹਾ ਏ ਕਿ ਪ੍ਰਨੀਤ ਕੌਰ ਅਗਾਮੀ ਲੋਕ ਸਭਾ ਦੀ ਚੋਣ ਪਟਿਆਲਾ ਤੋਂ BJP ਦੀ ਉਮੀਦਵਾਰੀ ਤੇ ਲੜਨਗੇ ।

---------------------------------------------------------------

ਦੇਸ਼ ਦੇ ਨਾਲ-ਨਾਲ ਹੁਣ ਪੰਜਾਬ ਵਿਚ ਵੀ ਲੋਕਸਭਾ ਚੋਣਾਂ ਲਈ ਮਾਹੌਲ ਤਿਆਰ ਹੋਣ ਲੱਗ ਪਿਆ ਏ । ਪਟਿਆਲਾ ਤੋਂ ਕਾਂਗਰਸ ਸਾਂਸਦ ਪ੍ਰਨੀਤ ਕੌਰ ਅੱਜ ਭਾਜਪਾ ਵਿਚ ਸ਼ਾਮਲ ਹੋ ਗਏ ਤਾਂ ਆਮ ਆਦਮੀ ਪਾਰਟੀ ਨੇ ਲੋਕਸਭਾ ਚੋਣਾਂ ਲਈ ਆਪਣੇ ਉਮੀਦਵਾਰਾਂ ਦੀ ਪਹਿਲੀ ਲਿਸਟ ਜਾਰੀ ਕਰਦਿਆਂ ਅੱਠ ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਕੀਤਾ ਏ, ਇਸ ਵਿਚ ਸੂਬੇ ਦੀ ਵਜਾਰਤ ਦੇ ਪੰਜ ਕੈਬਿਨੇਟ ਮੰਤਰੀ ਵੀ ਸ਼ਾਮਲ ਨੇ । **ਵੇਰਵੇ ਨਾਲ ਇਹ ਰਿਪੋਰਟ:**

***ਡਿਸਪੈਚ: ਸੱਤਾਧਾਰੀ ਆਮ ਆਦਮੀ ਪਾਰਟੀ ਨੇ ਆਪਣੇ ਮੰਤਰੀਆਂ ਤੇ ਭਰੋਸਾ ਵਿਖਾਂਉਦੀਆਂ ਪੰਜ ਮੰਤਰੀਆਂ ਨੂੰ ਲੋਕਸਭਾ ਚੋਣਾਂ ਦੇ ਮੈਦਾਨ ਵਿਚ ਉਤਾਰ ਦਿੱਤਾ ਏ । ਕੈਬਿਨੇਟ ਮੰਤਰੀ ਕੁਲਦੀਪ ਸਿੰਘ***

ਧਾਲੀਵਾਲ ਅੰਮ੍ਰਿਤਸਰ, ਲਾਲਜੀਤ ਸਿੰਘ ਭੁੱਲਰ ਖਡੂਰ ਸਾਹਿਬ, ਗੁਰਮੀਤ ਸਿੰਘ ਖੁਡੀਆਂ ਬਠਿੰਡਾ, ਗੁਰਮੀਤ ਸਿੰਘ ਮੀਤਹੇਯਰ ਸੰਗਰੂਰ ਅਤੇ ਡਾਕਟਰ ਬਲਬੀਰ ਸਿੰਘ ਪਟਿਆਲਾ ਲੋਕਸਭਾ ਹਲਕੇ ਤੋਂ ਪਾਰਟੀ ਦੇ ਉਮੀਦਵਾਰ ਹੋਣਗੇ । ਇਸੇ ਤਰ੍ਹਾਂ ਨਾਲ ਜਲੰਧਰ ਲੋਕਸਭਾ ਹਲਕੇ ਤੋਂ ਮੌਜੂਦਾ ਪਾਰਟੀ ਸਾਂਸਦ ਸੁਸ਼ੀਲ ਕੁਮਾਰ ਰਿੰਕੂ ਤੇ ਭਰੋਸਾ ਪ੍ਰਗਟਾਉਂਦਿਆਂ ਪਾਰਟੀ ਨੇ ਉਨਾਂ ਨੂੰ ਇਕ ਵਾਰ ਫੇਰ ਉਮੀਦਵਾਰ ਬਣਾਇਆ ਏ । ਕੁਝ ਦਿਨ ਪਹਿਲਾਂ ਹੀ ਕਾਂਗਰਸ ਪਾਰਟੀ ਛੱਡ ਕੇ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋਣ ਵਾਲੇ ਗੁਰਪ੍ਰੀਤ ਸਿੰਘ ਜੀ ਪੀ ਨੂੰ ਫਤਹਿਗੜ੍ਹ ਸਾਹਿਬ ਰਾਖਵੇਂ ਲੋਕਸਭਾ ਹਲਕੇ ਤੋਂ ਚੋਣ ਮੈਦਾਨ ਵਿਚ ਉਤਾਰਿਆ ਗਿਆ ਏ । ਪੰਜਾਬੀ ਕਲਾਕਾਰ ਅਤੇ ਮੁਖ ਮੰਤਰੀ ਦੇ ਕਰੀਬੀ ਸਮਝੇ ਜਾਂਦੇ ਕਰਮਜੀਤ ਅਨਮੋਲ ਨੂੰ ਫਰੀਦਕੋਟ ਰਾਖਵੇਂ ਹਲਕੇ ਤੋਂ ਟਿਕਟ ਦਿੱਤਾ ਗਿਆ ਏ । ਚੋਣਾਂ ਵਿਚ ਇਹ ਮੰਤਰੀ ਪਾਰਟੀ ਦੀ ਉਮੀਦ ਤੇ ਕਿੰਨੇ ਕਾਮਯਾਬ ਹੋਣਗੇ ਇਹ ਤਾਂ ਆਉਣ ਵਾਲਾ ਸਮਾਂ ਦੀ ਦਸੇਗਾ ਪਰ ਇਸ ਗੱਲ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ ਚੋਣਾਂ ਵਿਚ ਇਨਾਂ ਮੰਤਰੀਆਂ

***ਨੂੰ ਪਸੀਨਾ ਖੂਬ ਬਹਾਣਾ ਪਵੇਗਾ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ***

---------------------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸੀ.ਈ.ਓ. ਸਿਬਿਨ ਸੀ ਨੇ ਕਿਹਾ ਏ ਕਿ ਚੋਣ ਕਮਿਸ਼ਨ ਵੱਲੋਂ ਲੋਕ ਸਭਾ ਚੋਣਾਂ-2024 ਦੌਰਾਨ ਪ੍ਰਿੰਟ, ਇਲੈਕਟ੍ਰਾਨਿਕ ਅਤੇ ਸੋਸ਼ਲ ਮੀਡੀਆ 'ਤੇ ਪ੍ਰਕਾਸ਼ਿਤ/ਪ੍ਰਸਾਰਿਤ ਪੇਡ ਨਿਊਜ਼ 'ਤੇ ਸਖ਼ਤ ਨਿਗਰਾਨੀ ਰੱਖੀ ਜਾਵੇਗੀ। ਚੰਡੀਗੜ੍ਹ ਤੋਂ ਅੱਜ ਜ਼ਿਲ੍ਹਾ ਲੋਕ ਸੰਪਰਕ ਅਫ਼ਸਰਾਂ ਡੀ.ਪੀ.ਆਰ.ਓਜ਼ ਨਾਲ ਸੂਬਾ ਪੱਧਰੀ ਵੀਡਿਓ ਕਾਨਫਰੰਸਿੰਗ ਰਾਹੀਂ ਕੀਤੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਉਨਾਂ ਕਿਹਾ ਕਿ ਕਮਿਸ਼ਨ ਨੇ ਇਸ਼ਤਿਹਾਰਾਂ, ਉਮੀਦਵਾਰਾਂ ਦੇ ਪ੍ਰਚਾਰ ਅਤੇ ਪੇਡ ਨਿਊਜ਼ ਦੇ ਮਾਮਲਿਆਂ ਦੀ ਨਿਗਰਾਨੀ ਲਈ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਨੇ। ਉਨ੍ਹਾਂ ਦੱਸਿਆ ਕਿ ਇਸ ਮਕਸਦ ਲਈ ਜ਼ਿਲ੍ਹਾ ਪੱਧਰੀ ਮੀਡੀਆ ਸਰਟੀਫਿਕੇਸ਼ਨ ਅਤੇ ਮੋਨੀਟਰਿੰਗ ਕਮੇਟੀਆਂ ਦਾ ਗਠਨ ਕੀਤਾ ਗਿਆ ਏ ਅਤੇ ਡੀ.ਪੀ.ਆਰ.ਓਜ਼ ਇਹਨਾਂ ਕਮੇਟੀਆਂ ਦੇ ਨੋਡਲ ਅਫ਼ਸਰ ਹੋਣਗੇ। ਸਿਬਿਨ ਸੀ ਨੇ ਜ਼ੋਰ ਦੇ ਕੇ ਕਿਹਾ ਕਿ ਇਨ੍ਹਾਂ ਕਮੇਟੀਆਂ ਨੂੰ

ਨਿਊਜ਼ ਚੈਨਲਾਂ, ਸੋਸ਼ਲ ਮੀਡੀਆ ਪਲੇਟਫਾਰਮਾਂ ਦੇ ਨਾਲ-ਨਾਲ ਅਖ਼ਬਾਰਾਂ ਵਿੱਚ ਛਪਣ ਵਾਲੀ ਸਮੱਗਰੀ 'ਤੇ ਸਖ਼ਤ ਨਜ਼ਰ ਰੱਖਣ ਦੇ ਹੁਕਮ ਦਿੱਤੇ ਗਏ ਨੇ।

---------------------------------------------------

ਸ੍ਰੀ ਆਨੰਦਪੁਰ ਸਾਹਿਬ ਤੋਂ ਸੰਸਦ ਮੈਂਬਰ ਮਨੀਸ਼ ਤਿਵਾੜੀ ਨੇ ਕਿਹਾ ਏ ਕਿ ਕਾਂਗਰਸ ਖਾਲੀ ਵਾਅਦੇ ਨਹੀਂ ਕਰਦੀ, ਸਗੋਂ ਉਨ੍ਹਾਂ ਨੂੰ ਪੂਰਾ ਕਰਨ ਦੀ ਗਾਰੰਟੀ ਦਿੰਦੀ ਏ ਅਤੇ ਕੇਂਦਰ ਵਿਚ ਪਾਰਟੀ ਦੀ ਸਰਕਾਰ ਬਣਨ 'ਤੇ ਹਰ ਵਰਗ ਦੇ ਸਸ਼ਕਤੀਕਰਨ 'ਤੇ ਕੰਮ ਕੀਤਾ ਜਾਵੇਗਾ। ਆਪਣੀ ਜਨ ਸੰਪਰਕ ਮੁਹਿੰਮ ਤਹਿਤ ਮੋਹਾਲੀ ਦੇ ਪਿੰਡ ਬੱਤਾ ਵਿਖੇ ਕਲ ਇੱਕ ਜਨਤਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਪਾਰਟੀ ਝੂਠੇ ਤੇ ਫੋਕੇ ਵਾਅਦੇ ਕਰਨ ਵਿੱਚ ਯਕੀਨ ਨਹੀਂ ਰੱਖਦੀ। ਉਨ੍ਹਾਂ ਮਨਰੇਗਾ ਸਕੀਮ ਤਹਿਤ ਸਾਲ ਵਿੱਚ 365 ਦਿਨ ਰੁਜ਼ਗਾਰ ਦੇਣ ਦੇ ਨਾਲ-ਨਾਲ ਦਿਹਾੜੀ ਦੀ ਦਰ ਵਿੱਚ ਵਾਧਾ ਕਰਨ ਦਾ ਵਾਅਦਾ ਕੀਤਾ ਅਤੇ ਕਿਹਾ ਕਿ ਪਾਰਟੀ ਲੋਕ ਹਿੱਤ ਵਿੱਚ ਕਈ ਯੋਜਨਾਵਾਂ ਲਿਆਵੇਗੀ।

---------------------------------------------------------------

ਆਕਾਸ਼ਵਾਣੀ ਦੇ ਨਿਊਜ਼ ਸਰਵਿਸਿਜ਼ ਡਿਵੀਜ਼ਨ ਨੇ ਦੇਸ਼ ਭਰ ਵਿੱਚ ਆਪਣੀਆਂ ਵੱਖ-ਵੱਖ ਖੇਤਰੀ ਨਿਊਜ਼ ਯੂਨਿਟਾਂ ਵਿੱਚ ਫੁੱਲ-ਟਾਈਮ ਕੰਟਰੈਕਟ ਆਧਾਰ 'ਤੇ ਕਾਰਜਕਾਰੀ ਸੰਪਾਦਕ ਅਤੇ ਨਿਊਜ਼ ਰੀਡਰ ਕਮ ਅਨੁਵਾਦਕ ਵਜੋਂ ਕੰਮ ਕਰਨ ਲਈ ਤਜਰਬੇਕਾਰ ਉਮੀਦਵਾਰਾਂ ਤੋਂ ਅਰਜ਼ੀਆਂ ਮੰਗੀਆਂ ਨੇ। ਇਸ ਵਿੱਚ ਪੰਜਾਬੀ ਭਾਸ਼ਾ ਲਈ ਅਰਜੀਆਂ ਵੀ ਸ਼ਾਮਲ ਨੇ। ਇਸ ਸੰਬੰਧੀ ਵੇਰਵਾ news on air. gov.in ਸਲੈਸ਼ vacancies 'ਤੇ ਉਪਲਬਧ ਏ। ਅਰਜ਼ੀਆਂ ਭੇਜਣ ਦੀ ਆਖਰੀ ਤਰੀਕ 19 ਮਾਰਚ ਏ।

---------------------------------------------------------------

ਫਰਵਰੀ ਵਿਚ ਪ੍ਰਚੂਨ ਤੋਂ ਬਾਅਦ ਥੋਕ ਮੁੱਲ ਸੂਚਕਾਂਕ ਡਬਲਯੂ. ਪੀ. ਆਈ. 'ਤੇ ਆਧਾਰਿਤ ਥੋਕ ਮਹਿੰਗਾਈ ਮਾਮੂਲੀ ਗਿਰਾਵਟ ਨਾਲ ਚਾਰ ਮਹੀਨਿਆਂ ਦੇ ਹੇਠਲੇ ਪੱਧਰ 0. 20 ਫੀਸਦੀ 'ਤੇ ਆ ਗਈ ਏ। ਇਸ ਤੋਂ ਪਹਿਲਾਂ ਜਨਵਰੀ ਵਿਚ ਥੋਕ ਮਹਿੰਗਾਈ ਦਰ 0. 27 ਫੀਸਦੀ ਰਹੀ ਸੀ । ਵਣਜ ਤੇ ਉਦਯੋਗ ਮੰਤਰਾਲੇ ਵਲੋਂ ਅੱਜ ਜਾਰੀ ਅੰਕੜਿਆਂ ਅਨੁਸਾਰ

ਥੋਕ ਮਹਿੰਗਾਈ ਦਰ ਫਰਵਰੀ ਵਿਚ ਸਾਲਾਨਾ ਆਧਾਰ 'ਤੇ 0. 07 ਫੀਸਦੀ ਘਟ ਕੇ 0. 20 ਫੀਸਦੀ 'ਤੇ ਪਹੁੰਚ ਗਈ ਏ। ਇਸ ਤੋਂ ਪਹਿਲਾਂ ਜਨਵਰੀ ਵਿਚ ਥੋਕ ਮਹਿੰਗਾਈ ਦਰ 0. 27 ਫੀਸਦੀ ਸੀ। ਦਸੰਬਰ ਵਿਚ ਇਹ 0. 73 ਫੀਸਦੀ ਸੀ, ਜਦਕਿ ਨਵੰਬਰ ਵਿਚ ਇਹ 0. 26 ਫੀਸਦੀ ਅਤੇ ਅਕਤੂਬਰ 'ਚ ਮਨਫੀ 0. 52 ਫੀਸਦੀ ਸੀ।

----------------------------------------------------------

ਫਰੀਦਕੋਟ ਦੇ ਮੁੱਖ ਖੇਤੀਬਾੜੀ ਅਫਸਰ ਡਾ.ਅਮਰੀਕ ਸਿੰਘ ਦੀ ਅਗਵਾਈ ਵਿੱਚ ਬਲਾਕ ਖੇਤੀ ਬਾੜੀ ਅਫਸਰ ਕੋਟਕਪੂਰਾ ਡਾ. ਗੁਰਪ੍ਰੀਤ ਸਿੰਘ ਦੀ ਦੇਖ-ਰੇਖ ਵਿੱਚ ਖੇਤੀਬਾੜੀ ਵਿਕਾਸ ਅਫਸਰ ਸਰਕਲ ਬਾਜਾਖਾਨਾ ਡਾ. ਗੁਰਮਿੰਦਰ ਸਿੰਘ ਬਰਾੜ ਵੱਲੋਂ ਸਰਕਲ ਬਾਜਾਖਾਨਾ ਵਿਖੇ ਅੱਜ ਇਕ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਉਨਾਂ ਕਿਸਾਨਾਂ ਨਾਲ ਨਰਮੇਂ ਦੀ ਫਸਲ ਵਿੱਚ ਗੁਲਾਬੀ ਸੁੰਡੀ ਦੀ ਅਗਾਊਂ ਰੋਕਥਾਮ ਲਈ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਜੇਕਰ ਕਿਸੇ ਖੇਤ ਵਿੱਚ ਪਿਛਲੇ ਸੀਜਨ ਦੌਰਾਨ ਬੀਜੇ ਗਏ ਨਰਮੇ ਦੀਆਂ ਛਿਟੀਆਂ ਦੇ ਢੇਰ ਮੌਜੂਦ ਨੇ ਤਾਂ ਉਹਨਾ ਨੂੰ ਤੁਰੰਤ ਨਸ਼ਟ ਕਰ ਦਿੱਤਾ

ਜਾਵੇ। ਉਨਾਂ ਦੱਸਿਆ ਕਿ ਇਸ ਸਬੰਧੀ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਏ, ਜਿਸ ਵਿੱਚ ਹੁਣ ਤੱਕ ਜਿਆਦਾਤਰ ਕਿਸਾਨਾਂ ਵੱਲੋਂ ਨਰਮੇਂ ਦੀਆਂ ਛਿਟੀਆਂ ਦੇ ਢੇਰ ਖਤਮ ਕਰ ਦਿੱਤੇ ਗਏ ਨੇ।

---------------------------------------------------------

- ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਦੁਹਰਾਇਆ ਏ ਕਿ ਨਾਗਰਿਕਤਾ ਸੋਧ ਕਾਨੂੰਨ - CAA ਨਾਗਰਿਕਤਾ ਦਾ ਅਧਿਕਾਰ ਦੇਣ ਵਾਲਾ ਕਾਨੂੰਨ ਏ ਅਤੇ ਇਹ ਕਿਸੇ ਦੀ ਨਾਗਰਿਕਤਾ ਨਹੀਂ ਖੋਹੇਗਾ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਤੇ ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਨਾਨਕਸ਼ਾਹੀ ਸੰਮਤ ਦੇ ਨਵੇਂ ਸਾਲ ਦੀ ਸ਼ੁਰੂਆਤ ’ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ।
- ਪਟਿਆਲਾ ਤੋਂ ਕਾਂਗਰਸ ਸਾਂਸਦ ਪ੍ਰਨੀਤ ਕੌਰ ਭਾਜਪਾ ਵਿਚ ਸ਼ਾਮਲ।

- ਆਮ ਆਦਮੀ ਪਾਰਟੀ ਨੇ ਲੋਕਸਭਾ ਚੋਣਾਂ ਲਈ ਸੂਬੇ ਦੇ ਪੰਜ ਕੈਬਿਨੇਟ ਮੰਤਰੀਆਂ ਸਮੇਤ ਅੱਠ ਉਮੀਦਵਾਰਾਂ ਦੀ ਪਹਿਲੀ ਲਿਸਟ ਜਾਰੀ ਕੀਤੀ।